ਸਾਰਗ ਮਹਲਾ ੫ ॥ ਰਸਨਾ ਰਾਮ ਕਹਤ ਗੁਣ ਸੋਹੰ ॥ ਏਕ ਨਿਮਖ ਓਪਾਇ ਸਮਾਵੈ ਦੇਖਿ ਚਰਿਤ ਮਨ ਮੋਹੰ ॥੧॥ ਰਹਾਉ ॥ ਜਿਸੁ ਸੁਣਿਐ ਮਨਿ ਹੋਇ ਰਹਸੁ ਅਤਿ ਰਿਦੈ ਮਾਨ ਦੁਖ ਜੋਹੰ ॥ ਸੁਖੁ ਪਾਇਓ ਦੁਖੁ ਦੂਰਿ ਪਰਾਇਓ ਬਣਿ ਆਈ ਪ੍ਰਭ ਤੋਹੰ ॥੧॥ ਕਿਲਵਿਖ ਗਏ ਮਨ ਨਿਰਮਲ ਹੋਈ ਹੈ ਗੁਰਿ ਕਾਢੇ ਮਾਇਆ ਦ੍ਰੋਹੰ ॥ ਕਹੁ ਨਾਨਕ ਮੈ ਸੋ ਪ੍ਰਭੁ ਪਾਇਆ ਕਰਣ ਕਾਰਣ ਸਮਰਥੋਹੰ ॥੨॥੧੪॥੩੭॥ {ਪੰਨਾ 1211}

ਪਦਅਰਥ:- ਰਸਨਾ—ਜੀਭ। ਰਾਮ ਕਹਤ ਗੁਣ—ਰਾਮ ਦੇ ਗੁਣ ਕਹਿੰਦਿਆਂ। ਸੋਹੰ—ਸੋਹਣੀ ਲੱਗਦੀ ਹੈ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਓਪਾਇ—ਪੈਦਾ ਕਰ ਕੇ। ਸਮਾਵੈ—ਲੀਨ ਕਰ ਲੈਂਦਾ ਹੈ। ਦੇਖਿ—ਵੇਖ ਕੇ। ਚਰਿਤ—ਕੌਤਕ-ਤਮਾਸ਼ੇ। ਮੋਹੇ—ਮੋਹਿਆ ਜਾਂਦਾ ਹੈ।1। ਰਹਾਉ।

ਜਿਸੁ ਸੁਣਿਐ—ਜਿਸ ਦਾ (ਨਾਮ) ਸੁਣਿਆਂ। ਮਨਿ—ਮਨ ਵਿਚ। ਰਹਸੁ—ਖ਼ੁਸ਼ੀ। ਅਤਿ—ਬਹੁਤ। ਰਿਦੈ ਮਾਨ—(ਜਿਸ ਨੂੰ) ਹਿਰਦੇ ਵਿਚ ਮੰਨਿਆਂ। ਜੋਹੰ—ਤਾੜਨਾ। ਦੁਖ ਜੋਹੰ—ਦੁੱਖਾਂ ਨੂੰ ਤਾੜਨਾ, ਦੁੱਖਾਂ ਦਾ ਨਾਸ। ਦੂਰਿ ਪਰਾਇਓ—ਦੂਰ ਹੋ ਜਾਂਦਾ ਹੈ। ਪ੍ਰਭ—ਹੇ ਪ੍ਰਭੂ! ਬਣਿ ਆਈ ਤੋਹੰ—ਤੇਰੇ ਨਾਲ (ਪ੍ਰੀਤ) ਬਣ ਜਾਂਦੀ ਹੈ।1।

ਕਿਲਵਿਖ—ਪਾਪ। ਨਿਰਮਲ—ਪਵਿੱਤਰ। ਗੁਰਿ—ਗੁਰੂ ਨੇ। ਦ੍ਰੋਹੰ—ਠੱਗੀ, ਛਲ। ਕਰਣ—ਜਗਤ। ਕਰਣ ਕਾਰਣ—ਜਗਤ ਦਾ ਮੂਲ। ਸਮਰਥੋਹੰ—ਸਾਰੀਆਂ ਤਾਕਤਾਂ ਦਾ ਮਾਲਕ।2।

ਅਰਥ:- ਹੇ ਭਾਈ! ਪਰਮਾਤਮਾ ਦੇ ਗੁਣ ਉਚਾਰਦਿਆਂ ਜੀਭ ਸੋਹਣੀ ਲੱਗਦੀ ਹੈ। ਉਹ ਪ੍ਰਭੂ ਅੱਖ ਝਮਕਣ ਜਿਤਨੇ ਸਮੇ ਵਿਚ ਪੈਦਾ ਕਰ ਕੇ (ਮੁੜ ਆਪਣੇ ਵਿਚ ਜਗਤ ਨੂੰ) ਲੀਨ ਕਰ ਸਕਦਾ ਹੈ। ਉਸ ਦੇ ਚੋਜ-ਤਮਾਸ਼ੇ ਵੇਖ ਕੇ ਮਨ ਮੋਹਿਆ ਜਾਂਦਾ ਹੈ।1। ਰਹਾਉ।

ਹੇ ਪ੍ਰਭੂ! ਜਿਸ ਮਨੁੱਖ ਦੀ ਪ੍ਰੀਤ ਤੇਰੇ ਨਾਲ ਬਣ ਜਾਂਦੀ ਹੈ, ਉਸ ਦਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ, ਉਹ ਸਦਾ ਸੁਖ ਮਾਣਦਾ ਹੈ। (ਹੇ ਪ੍ਰਭੂ! ਤੂੰ ਐਸਾ ਹੈਂ) ਜਿਸ ਦਾ ਨਾਮ ਸੁਣਿਆਂ ਮਨ ਵਿਚ ਬਹੁਤ ਖ਼ੁਸ਼ੀ ਪੈਦਾ ਹੁੰਦੀ ਹੈ, ਜਿਸ ਨੂੰ ਹਿਰਦੇ ਵਿਚ ਵਸਾਇਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ।1।

ਹੇ ਭਾਈ! (ਜਿਸ ਮਨੁੱਖ ਨੇ ਜੀਭ ਨਾਲ ਰਾਮ-ਗੁਣ ਗਾਏ, ਉਸ ਦੇ ਅੰਦਰੋਂ) ਗੁਰੂ ਨੇ ਮਾਇਆ ਦੇ ਛਲ ਕੱਢ ਦਿੱਤੇ, ਉਸ ਦੇ ਸਾਰੇ ਪਾਪ ਦੂਰ ਹੋ ਗਏ, ਉਸ ਦਾ ਮਨ ਪਵਿੱਤਰ ਹੋ ਗਿਆ। ਹੇ ਨਾਨਕ! ਆਖ—(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੈਂ ਉਹ ਪਰਮਾਤਮਾ ਲੱਭ ਲਿਆ ਹੈ, ਜੋ ਜਗਤ ਦਾ ਮੂਲ ਹੈ ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ।2।14। 37।